

**ਧਰਨਿ ਗਗਨ ਨਵ ਖੰਡ ਮਹਿ; ਜੋਤਿ ਸ੍ਵਰੂਪੀ ਰਹਿਓ ਭਰਿ॥ ਭਨਿ ਮਥੁਰਾ. ਕਛੁ ਭੇਦੁ ਨਹੀ; ਗੁਰੁ ਅਰਜੁਨੁ ਪਰਤਖ੍ਯ ਹਰਿ॥** ਧੰਨ ਵਾਹਿਗੁਰੂ ਧੰਨ ਵਾਹਿਗੁਰੂ ਪਰਮਪੂਜਨੀਕ ਸੱਚੇ ਸਤਿਗੁਰੂ ਵਾਹਿਗੁਰੂ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਧੰਨ ਪਿਆਰੇ ਵਾਹਿਗੁਰੂ ਸਾਹਿਬ ਜੀ ਹਨ! ਜ਼ਾਲਮ ਘੋਰ ਭਿਆਨਕ ਅਤਿਆਚਾਰ ਜ਼ੁਲਮ ਕਰਕੇ, ਹੁਣ ਆਪ ਜੀ ਨੂੰ ਜੇਠ ਦੀ ਅਤੀ ਹੀ ਸਖ਼ਤ ਗਰਮੀ 'ਚ, ਉੱਬਲਦੀ ਦੇਗ਼ ਅੰਦਰ ਬਿਠਾ ਰਹੇ ਹਨ। ਹੁਣ ਜ਼ਾਲਮ ਤੱਤਾ ਤੱਤਾ ਰੇਤਾ ਆਪ ਜੀ ਦੇ ਪਰਮਪਵਿੱਤ੍ਰ ਪਰਮਪੂਜਨੀਕ ਸ਼ੁਭ ਸੱਚੇ ਸੁੱਚੇ ਉੱਚੇ ਮਹਾਨ ਪਰਉਪਕਾਰੀ ਧੀਰਜਧਾਰੀ ਨਿਰੰਕਾਰੀ ਨ੍ਰਿਵਿਕਾਰੀ ਸੀਸ 'ਤੇ ਪਾ ਰਹੇ ਹਨ। ਹੁਣ ਜ਼ਾਲਮ ਆਪ ਜੀ ਨੂੰ ਸੜਦੀ ਬਲਦੀ ਮੱਚਦੀ ਲੋਹ 'ਤੇ ਖੜ੍ਹਾ ਰਹੇ ਹਨ। ਆਪ ਜੀ ਗੁਰਮੁਖਿ ਨਿਰਲੇਪ ਅਵਸਥਾ 'ਚ ਪੰਜ ਦਿਨ ਭੁੱਖ ਉਣੀਂਦ੍ਰਾ ਤ੍ਰੇਹ ਸਹਾਰਦੇ ਹੋਏ, **ਤੇਰਾ ਕੀਆ; ਮੀਠਾ ਲਾਗੈ॥ ਹਰਿ ਨਾਮੁ ਪਦਾਰਥੁ; ਨਾਨਕੁ ਮਾਂਗੈ॥** ਅੰਮ੍ਰਿਤ ਗੁਰਬਾਣੀ ਜਪ ਜਪਾ ਰਹੇ ਹਨ।



ਧੰਨ ਵਾਹਿਗੁਰੂ ਧੰਨ ਵਾਹਿਗੁਰੂ ਪਰਮਪੂਜਨੀਕ ਸੱਚੇ ਸਤਿਗੁਰੂ ਵਾਹਿਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਧੰਨ ਪਿਆਰੇ ਵਾਹਿਗੁਰੂ ਸਾਹਿਬ ਜੀ ਹਨ! ਜ਼ਾਲਮ ਘੋਰ ਭਿਆਨਕ ਅਤਿਆਚਾਰ ਜ਼ੁਲਮ ਕਰਕੇ, ਹੁਣ ਆਪ ਜੀ ਨੂੰ ਲੋਹੇ ਦੇ ਤੰਗ ਪਿੰਜਰੇ 'ਚ ਗੋਲ ਦਾਇਰੇ ਤਿੱਖੇ ਤੀਰਾਂ ਵਿਚਕਾਰ ਬਿਠਾ ਰਹੇ ਹਨ। ਆਪ ਜੀ ਗੁਰਮੁਖਿ ਨਿਰਲੇਪ ਅਵਸਥਾ 'ਚ ਹੁਣ ਵਾਹਿਗੁਰੂ ਵਾਹਿਗੁਰੂ ਜਪ ਜਪਾ ਰਹੇ ਹਨ। ਹੁਣ ਧਰਮ ਦੇ ਪ੍ਰਕਾਸ਼, ਜ਼ੁਲਮ ਦੇ ਨਾਸ ਲਈ ਆਪਣੇ ਸੁੰਦਰ ਸੀਸ ਸਾਹਿਬ ਜੀ ਕੁਰਬਾਨ ਕਰ ਰਹੇ ਹਨ। ਆਪ ਜੀ ਦੇ ਸ਼ਹੀਦ ਹੋਏ ਸ੍ਰੀ ਸੀਸ ਸਾਹਿਬ ਜੀ ਹੁਣ ਦਾਸਨਦਾਸੀ ਦੇ ਸਿਰ 'ਤੇ ਸਜ ਰਹੇ ਹਨ।



ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ ਸੱਚੇ ਸਤਿਗੁਰੂ ਦਸ ਸਤਿਗੁਰੂ ਸਾਹਿਬਾਨ ਜੀ ਅਤੇ ਦਸਾਂ ਸਤਿਗੁਰਾਂ ਦੀ ਜਾਗਦੀ ਜੋਤਿ ਪਰਮਪੂਜਨੀਕ ਵਾਹਿਗੁਰੂ ਸਤਿਗੁਰੂ ਜੁੱਗੋ ਜੁੱਗ ਅਟਲ ਗੁਰਤਾ ਬਿਰਾਜਮਾਨ ਧੰਨ ਸਤਿਗੁਰੂ ਗ੍ਰੰਥ ਸਾਹਿਬ ਜੀ। ਕੋਟਾਨ ਕੋਟ ਨਮਸਕਾਰ!



ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ ਗੁਰਮੁਖਿ ਸਨਮੁਖ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ! ਹੁਣ ਆਪਣਾ ਸੀਸ ਤਲੀ ’ਤੇ ਰੱਖ ਕੇ, ਮੱਚਦੇ ਧਰਮ ਯੁੱਧ ’ਚ, ਸ੍ਰੀ ਹਰਿਮੰਦਰ ਸਾਹਿਬ ਜੀ ’ਤੇ ਚੜ੍ਹ ਕੇ ਆਏ ਜ਼ਾਲਮਾਂ ਦੇ ਹੁਣ ਡੱਕਰੇ ੨ ਕਰ ਰਹੇ ਹਨ।



ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ ਪਰਮਵੀਰ ਪਰਮ ਸ਼ਹੀਦ ਧੰਨ ਬਾਬਾ ਜੀਵਨ ਸਿੰਘ ਸਾਹਿਬ ਜੀ ਭਾਈ ਜੈਤਾ ਜੀ! ਪਰਮਪੂ-ਜਨੀਕ ਸੱਚੇ ਸਤਿਗੁਰੂ ਸ੍ਰੀ ਗੁਰੂ ਤੇਗਬਹਾਦਰ ਸਾਹਿਬ ਜੀ ਦੇ ਪਰਮਪਵਿੱਤ੍ਰ ਨਿਰੰਕਾਰੀ ਸੀਸ ਨੂੰ, ਅਪਣੇ ਸੀਸ ’ਤੇ ਸਜਾ ਕੇ, ਦਿੱਲੀਓਂ ਸ੍ਰੀ ਅਨੰਦਪੁਰ ਸਾਹਿਬ ਜੀ ਨੂੰ, ਹੁਣ ਲਿਜਾ ਰਹੇ ਹਨ, ਸ੍ਰੀ ਅਨੰਦਪੁਰ ਸਾਹਿਬ ਜੀ ਤਿਆ-ਗਣ ਮਗਰੋਂ, ਸਰਸਾ ਨਦੀ ਨੇੜੇ, ਜ਼ਾਲਮਾਂ ਦਾ ਪੁਰਜਾ ਪੁਰਜਾ ਕੱਟ ਕੇ, ਆ-ਪਣਾ ਅੰਗ ਅੰਗ ਕਟਵਾ ਕੇ, “**ਨਾਨਕ, ਸੇਵਕੁ ਸੋਈ ਆਖੀਐ; ਜੋ ਸਿਰੁ ਧਰੇ ਉਤਾਰਿ॥**” ਅਨੁਸਾਰ ਹੁਣ ਸ਼ਹੀਦੀ ਪਾ ਰਹੇ ਹਨ।

ਲਾਹੌਰ ਵਿਖੇ ਬੱਚਿਆਂ ਨੂੰ ਨੇਜ਼ਿਆਂ ’ਤੇ ਟੰਗਵਾ ਕੇ, ਗ਼ਲਾਂ ’ਚ ਹਾਰ ਪੁਆ, ਪੂਰਨ ਪ੍ਰੀਤ ਪ੍ਰਤੀਤ ਨਾਲ ਭੁੱਖੀਆਂ, ਸਬਰ ਸ਼ੁਕਰ ਨਾਲ ਸਵਾ ਸਵਾ ਮਣ ਪੀਸ ਕੇ ਪੂਰਨ ਸਤਿਗੁਰਾਂ ਦੇ ਸਨਮੁਖ ਸਿਦਕ ਨਿਭਾ ਪਤੀਬ੍ਰਤਾ, ਧਰਮ ਦ੍ਰਿੜ ਹੁਣ ਸ਼ਹੀਦੀਆਂ ਪਾ ਰਹੀਆਂ ਹਨ। ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ ਬੀਬੀਆਂ ਦੀ ਕਮਾਈ।





ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ ਪਰਮਵੀਰ ਬਹਾਦਰ ਧੰਨ ਬਾਬਾ ਸਤੀਰਾਮ ਸਾਹਿਬ ਜੀ! ਚਾਂਦਨੀ ਚੌਂਕ ਦਿੱਲੀ ਵਿਖੇ, ਸੰਤ ਦੋਖੀ ਜ਼ਾਲਮ, ਆਪ ਜੀ ਨੂੰ ਹੁਣ, ਰੂੰ 'ਚ ਲਪੇਟ ਕੇ ਸਾੜ ਰਹੇ ਹਨ। ਵਾਹਿਗੁਰੂ ਮਹੱਲੇ ਨੌਵੇਂ ਜੀ ਦੇ ਸਨਮੁਖ ਹੁਣ ਸ਼ਹੀਦੀ ਪਾ ਰਹੇ ਹਨ।



ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ ਪਰਮ-ਵੀਰ ਬਹਾਦਰ ਧੰਨ ਬਾਬਾ ਮਤੀਦਾਸ ਸਾਹਿਬ ਜੀ! ਚਾਂਦਨੀ ਚੌਂਕ ਦਿੱਲੀ ਵਿਖੇ, ਸੰਤ ਦੋਖੀ ਜ਼ਾਲਮ, ਆਪ ਜੀ ਨੂੰ ਹੁਣ ਤਿੱਖੇ ਆਰੇ ਨਾਲ ਚੀਰ ਰਹੇ ਹਨ। ਪਿਆਰੀ ਸਿੱਖੀ ਅਤੇ ਸੱਚੇ ਸਤਿਗੁਰਾਂ ਲਈ,

ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ ਪਰਮਵੀਰ ਗੁਰੂ ਕੇ ਸੂਰਬੀਰ ਬਹਾਦਰ ਧੰਨ ਬਾਬਾ ਦਿਆਲਾ ਸਾਹਿਬ ਜੀ! ਚਾਂਦਨੀ ਚੌਂਕ ਦਿੱਲੀ ਵਿਖੇ, ਸੰਤ ਦੋਖੀ ਜ਼ਾਲਮ, ਆਪ ਜੀ ਨੂੰ ਹੁਣ, ਦੇਗ਼ 'ਚ ਉਬਾਲ ਰਹੇ ਹਨ।





ਧੰਨ ਹਨ ਧੰਨ ਹਨ ਧੰਨ ਹਨ ਗੁਰਮੁਖਿ ਵਾਹਿਗੁਰੂ ਪਰਮਵੀਰ ਬਹਾਦਰ ਧੰਨ ਬਾਬਾ ਜੋਰਾਵਰ ਸਿੰਘ ਸਾਹਿਬ ਜੀ, ਧੰਨ ਬਾਬਾ ਫ਼ਤੇਹ ਸਿੰਘ ਸਾਹਿਬ ਜੀ! ਜਿਉਂਦਿਆਂ ਜਿਉਂਦਿਆਂ ਨੂੰ ਹੀ, ਸਰਹਿੰਦ ਵਿਖੇ, ਜ਼ਾਲਮ ਜ਼ੁਲਮੀ ਕੰਧ ਦੀ ਨੀਂਹ 'ਚ, ਹੁਣ ਖੜ੍ਹੇ ਕਰਕੇ, ਉੱਪਰ ਕੰਧ ਚਿਣ ਰਹੇ ਹਨ। ਵੇਪਰਵਾਹੀ ਨਾਲ ਜੈਕਾਰੇ ਗੱਜਾਉਂਦਿਆਂ ਦੇ, ਸੀਸ ਉਤਾਰੇ ਜਾ ਰਹੇ ਹਨ।



ਧੰਨ ਹਨ ਧੰਨ ਹਨ ਧੰਨ ਹਨ ਪਰਮਵੀਰ ਪੂਰਨ ਬ੍ਰਹਮਗਿਆਨੀ ਧੰਨ ਬਾਬਾ ਮਨੀ ਸਿੰਘ ਸਾਹਿਬ ਜੀ! ਪਰਮਪੂਜਨੀਕ ਸਤਿਗੁਰੂ ਸਾਹਿਬਾਨ ਜੀ ਦੇ ਪਿਆਰ ਸਤਿਕਾਰ ਸਿਮਰਨ 'ਚ ਲੀਣ ਹੁਣ ਬੈਠ ਰਹੇ ਹਨ, ਜ਼ਾਲਮ ਹੁਣ ਆਪ ਜੀ ਦਾ ਬੰਦ ਬੰਦ ਕੱਟ ਰਹੇ ਹਨ।

ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ ਬਾਬਾ ਮੋਤੀ ਮੈਹਰਾ ਜੀ! ਸੱਚੇ ਸਤਿਗੁਰਾਂ ਦੇ ਪਰਮਪੂਜਨੀਕ ਮਾਤਾ ਗੁਜਰੀ ਕੌਰ ਜੀ 'ਤੇ ਛੋਟੇ ਸਾਹਿਬ-ਜ਼ਾਦਿਆਂ ਨੂੰ ਜ਼ਾਲਮਾਂ ਤੋਂ ਚੋਰੀ ਦੁੱਧ ਪਿਆ ਰਹੇ ਹਨ, ਮੋਤੀ ਮੈਹਰੇ ਜੀ ਨੂੰ ਪ੍ਰਵਾਰ ਸਮੇਤ ਜ਼ਾਲਮ ਹੁਣ ਕੋਹਲੂ 'ਚ ਪੀੜ ਰਹੇ ਹਨ।





ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ ਬਾਬਾ ਟੋਡਰਮੱਲ ਸਾਹਿਬ ਜੀ! ਪਰਮਪੂਜਨੀਕ ਬ੍ਰਿਧ ਮਾਤਾ ਗੁਜਰੀ ਕੌਰ ਜੀ ਛੋਟੇ ਸਾਹਿਬਜ਼ਾਦਿਆਂ ਜੀ 'ਤੇ ਸਤਿਕਾਰ ਸਸਕਾਰ ਲਈ, ਖੜ੍ਹੀਆਂ ਮੋਹਰਾਂ ਵਿਛਾ ਕੇ, ਉਨ੍ਹਾਂ ਦਾ ਹੁਣ ਸਸਕਾਰ ਕਰ ਰਹੇ ਹਨ।

ਧੰਨ ਹਨ ਧੰਨ ਹਨ ਧੰਨ ਹਨ ਬਾਬਾ ਉਦੇ ਸਿੰਘ ਸਾਹਿਬ ਜੀ ਹੁਣ ਹੰਕਾਰੀ ਕੇਸਰੀ ਚੰਦ ਦੀ ਫ਼ੌਜ਼ 'ਚ ਉਸ ਦਾ ਸਿਰ ਵੱਢ ਰਹੇ ਹਨ। ਸਿਰ ਨੂੰ ਬਰਛੇ 'ਤੇ ਟੰਗ ਕੇ ਸਤਿਗੁਰੂ ਦਸਵੇਂ ਪਾਤਿਸ਼ਾਹ ਜੀ ਦੇ ਚਰਨਕਮਲਾਂ ਪਾਸ ਸੁੱਟ ਰਹੇ ਹਨ।



ਧੰਨ ਧੰਨ ਧੰਨ ਪਰਮਪੂਜਨੀਕ ਵਾਹਿਗੁਰੂ ਪਿਆਰੇ ਮੋਹਕਮ ਸਿੰਘ ਸਾਹਿਬ ਜੀ! ਸਤਿਗੁਰੂ ਸਾਹਿਬ ਜੀ ਦੀ ਬਖ਼ਸ਼ੀਸ਼ ਨੂੰ ਪ੍ਰਾਪਤ ਹੋ ਕੇ, ਘੋੜੇ 'ਤੇ ਅਸਵਾਰ, ਜਸਵਾਰੀਆਂ ਦੇ ਸ਼ਰਾਬੀ ਹਾਥੀ ਦਾ ਸੁੰਡ ਹੁਣ ਵੱਢ ਰਹੇ ਹਨ।

ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ ਬਾਬਾ ਮਹਾਂ ਸਿੰਘ ਸਾਹਿਬ ਜੀ, ਗੁਰੂ ਹਿਤ ਧਰਮਯੁੱਧ ਜਿਤ ਕੇ ਅਪਣੇ ਸ੍ਰੀਰ 'ਤੇ ਬੇਅੰਤ ਫੱਟ ਸਹਾਰ ਕੇ ਸੱਚੇ ਸਤਿਗੁਰੂ ਦਸਵੇਂ ਪਾਤਿਸ਼ਾਹ ਜੀ ਤੋਂ ਹੁਣ ਬਿਦਾਵਾ ਪੜਵਾ ਰਹੇ ਹਨ, ਬਿਦਾਵਾ ਦੇਣ ਵਾਲਿਆਂ ਦੀ ਟੁੱਟੀ ਪ੍ਰੀਤ ਗੰਢਵਾ ਰਹੇ ਹਨ, **ਸਾਚੀ ਪ੍ਰੀਤਿ ਹਮ; ਤੁਮ ਸਿਉ ਜੋਰੀ॥ ਤੁਮ ਸਿਉ ਜੋਰਿ; ਅਵਰ ਸੰਗਿ ਤੋਰੀ॥** (੬੫੯) ਬਖ਼ਸ਼ਿਸ਼ਾਂ ਪਾ ਰਹੇ ਹਨ।





ਪਰਮਪੂਜਨੀਕ ਵਾਹਿਗੁਰੂ ਦਸਵੇਂ ਪਾਤਿਸ਼ਾਹ ਜੀ ਦੇ ਅਤਿਅੰਤ ਪਿਆਰੇ ਹਜ਼ਰਤ ਮੁਬਾਰਕ ਧੰਨ ਬਾਬਾ ਨਬੀ ਖਾਂ 'ਤੇ ਗਨੀ ਖਾਂ ਸਾਹਿਬ ਜੀ, ਸੱਚੇ ਸਤਿਗੁਰੂ ਸਾਹਿਬ ਜੀ ਦੇ ਪਲੰਘੇ ਨੂੰ ਅਪਣੇ ਮੋਢਿਆਂ 'ਤੇ ਚੁੱਕ ਕੇ, ਸ੍ਰੀ ਮਾਛੀਵਾੜੇ ਸਾਹਿਬ ਜੀ ਤੋਂ ਪਿੰਡ ਹੇਰਾਂ (ਲੁਧਿਆਣਾ) ਨੂੰ ਲਿਆ ਰਹੇ ਹਨ। ਵਾਹ ਵਾਹ ਵਾਹ ਸੱਚੇ ਸਤਿਗੁਰਾਂ ਦੀਆਂ ਪਰਮਪਵਿੱਤ੍ਰ ਖ਼ੁਸ਼ੀਆਂ ਪਾ ਰਹੇ ਹਨ।

ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਪੀਰ ਬੁੱਧੂਸ਼ਾਹ ਸਾਹਿਬ ਜੀ! ਹੁਣ ਭੰਗਾਣੀ ਦੇ ਧਰਮਯੁੱਧ ਵਿਖੇ, **ਬਾਲਾਨ ਬਾਲ॥** ਵਾਹਿਗੁਰੂ ਸਤਿਗੁਰੂ ਦਸਵੇਂ ਪਾਤਿਸ਼ਾਹ ਜੀ ਦੇ ਪੱਖ ਚ ਅਪਣੇ ਮੁਰੀਦਾਂ ਸਮੇਤ ਬਹਾਦਰੀ ਨਾਲ ਲੜ ਰਹੇ ਹਨ, ਅਪਣੇ ਪ੍ਰਵਾਰ ਸਮੇਤ ਸਤਿਗੁਰੂ ਸਾਹਿਬ ਜੀ ਲਈ ਸ਼ਹੀਦੀ ਪਾ ਰਹੇ ਹਨ।





ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ ਬਾਬਾ ਨਗਾਹੀਆ ਸਿੰਘ ਸਾਹਿਬ ਜੀ! ਹੁਣ ਸੱਚੇ ਸਤਿਗੁਰਾਂ ਨੂੰ ਅਪਣੇ ਘੋੜੇ 'ਤੇ ਬਿਠਾ ਰਹੇ ਹਨ, ਸਤਿਗੁਰੂ ਸਾਹਿਬ ਜੀ ਨੂੰ ਘੋੜਾ ਅਰਪਣ ਤੋਂ, ਜ਼ਾਲਮ ਮੁਗਲ, ਬਾਬੇ ਜੀ ਦੇ ਪ੍ਰਵਾਰ ਨੂੰ ਹੁਣ ਸ਼ਹੀਦ ਕਰ ਰਹੇ ਹਨ।

ਧੰਨ ਧੰਨ ਧੰਨ ਪਰਮਪੂਜਨੀਕ ਬਾਬਾ ਦਾਨ ਸਿੰਘ ਸਾਹਿਬ ਜੀ, ਮਾਇਆ ਦਾ ਲਾਲਚ ਤਿਆਗ ਕੇ, ਗੁਪਤ-ਸਰ ਸਾਹਿਬ ਜੀ ਵਿਖੇ ਹੁਣ ਵਿਦਾਵਾ ਦੇਣ ਵਾਲਿਆਂ ਦੀ ਟੁੱਟੀ ਪ੍ਰੀਤ ਗੰਢਵਾ ਰਹੇ ਹਨ। **ਜੇ ਧਰਤੀ ਸਭ ਕੰਚਨੁ ਕਰਿ ਦੀਜੈ; ਬਿਨੁ ਨਾਵੈ. ਅਵਰੁ ਨ ਭਾਇਆ ਰਾਮ॥** ਗੁਰਬਾਣੀ ਕਮਾ ਰਹੇ ਹਨ।



ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਵਾਹਿਗੁਰੂ, ਪੰਜ ਪਿਆਰੇ ਜੀ ਸਤਿਗੁਰੂ ਸਾਹਿਬ ਜੀ ਨੂੰ ਹੁਣ ਅਪਣੇ ਨਿਰਮਲ ਪਰਮਪਵਿੱਤ੍ਰ ਸ਼ੁਭ ਸੱਚੇ ਸੁੱਚੇ ਉੱਚੇ ਮਹਾਨ ਬਲਵਾਨ ਸੀਸ ਭੇਟਾ ਕਰ ਰਹੇ ਹਨ, ਉੱਚੇ ਰੁਤਬੇ ਪਾ ਰਹੇ ਹਨ, ਸੱਚੇ ਪਾਤਿਸ਼ਾਹ ਜੀ ਤੋਂ ਅੰਮ੍ਰਿਤ ਛਕ ਕੇ, ਸੱਚੇ ਪਾਤਿਸਾਹ ਜੀ ਨੂੰ ਅੰਮ੍ਰਿਤ ਛਕਾ ਰਹੇ ਹਨ।



ਸ੍ਰੀ ਭੰਗਾਣੀ, ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਚਮਕੌਰ ਸਾਹਿਬ, ਸ੍ਰੀ ਮੁਕਤਸਰ ਸਾਹਿਬ ਜੀ ਦੇ ਧਰਮਯੁੱਧਾਂ 'ਚ ਸੱਚੇ ਪਾਤਿਸ਼ਾਹ ਜੀ ਦੇ ਪਿਆਰੇ ਹੁਣ ਬੇਅੰਤ ਫੱਟ ਸਹਾਰ ਕੇ ਹੁਣ ਸ਼ਹੀਦੀਆਂ ਪਾ ਰਹੇ ਹਨ।



ਧੰਨ ਹਨ ਧੰਨ ਹਨ ਧੰਨ ਹਨ ਪਰਮਪੂਜਨੀਕ ਬਾਬਾ ਬੰਦਾ ਸਿੰਘ ਬਹਾਦਰ ਸਾਹਿਬ ਜੀ! ਹੁਣ ਸਤਿਗੁਰੂ ਸਾਹਿਬ ਜੀ ਦੇ ਪਿਆਰੇ ਦੁਲਾਰੇ ਦੁੱਧ ਦੰਦੀਆਂ ਵਾਲੇ ਲਾਲਾਂ ਦੇ ਕਾਤਲ ਮਹਾਂ ਪਾਪੀ ਦੁਸ਼ਟ ਹੰਕਾਰੀ ਵਜ਼ੀਦੇ ਨੂੰ ਹੁਣ ਮਾਰ ਰਹੇ ਹਨ, ਹੁਣ ਮਹਾਂ ਨੀਚ ਮਹਾਂ ਚੰਡਾਲ ਝੂਠੇ ਨੰਦ ਦੇ ਨੱਕ ਚ ਨਕੇਲ ਪਾ ਕੇ ਘੱਗਰੀ ਪਾ ਕੇ ਨਚਾ ਰਹੇ ਹਨ, ਹੁਣ ਸਰਹਿੰਦ ਦੀ ਇੱਟ ਨਾਲ ਇੱਟ ਖੜਕਾ ਰਹੇ ਹਨ, ਹੁਣ ਬਜ਼ਾਰਾਂ ਚ ਹਲ਼ ਚਲਵਾ ਰਹੇ ਹਨ, ਪੂਰੇ ਗੁਰਾਂ ਦੇ ਸ਼ੁਭ ਅਮੋਲਕ ਬਚਨ ਕਮਾ ਰਹੇ ਹਨ, ਸਰਹਿੰਦ ਦੇ ਕਿਲੇ 'ਤੇ ਹੁਣ ਸ੍ਰੀ ਕੇਸਰੀ ਨਿਸ਼ਾਨ ਸਾਹਿਬ ਜੀ ਝੁਲਾ ਰਹੇ ਹਨ, ਸੰਢੌਰੇ ਦੇ ਜ਼ਾਲਮ ਹਾਕਮ ਅਸਮਾਨ ਖਾਂ ਨੂੰ ਫਾਹੇ ਟੰਗ ਰਹੇ ਹਨ। ਗੁਰੂ ਪੰਥ ਜੀ ਤੋਂ ਵਾਹ! ਵਾਹ! ਪਾ ਰਹੇ ਹਨ, ਦਿੱਲੀ ਜਾ ਕੇ ਆਪਣੀ ਸ਼ਹੀਦੀ ਪਾ ਰਹੇ ਹਨ।